# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :29-08-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਟੋਕੀਓ ਵਿੱਚ, ਜਪਾਨ ਦੇ ਪ੍ਰਧਾਨ ਮੰਤਰੀ ਸ਼ਿਗੇਰੂ ਇਸ਼ੀਬਾ ਨਾਲ 15ਵੇਂ ਭਾਰਤ-ਜਾਪਾਨ ਸਾਲਾਨਾ ਸੰਮੇਲਨ ਵਿੱਚ ਕੀਤੀ ਸ਼ਿਰਕਤ।
- ਪੰਜਾਬ ਦੇ ਹੜ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ।
- ਪੰਜਾਬ ਦੇ ਰਾਜਪਾਲ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅਸਾਮ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ - ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਤੋਂ ਜਾਣੂ ਕਰਵਾਇਆ।
- ਉੱਘੇ ਹਾਕੀ ਖਿਡਾਰੀ ਮੇਜਰ ਧਿਆਨਚੰਦ ਦੀ ਜੈਯੰਤੀ ਮੌਕੇ ਅੱਜ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ-
- ਏਸ਼ੀਆ ਕੱਪ ਹਾਕੀ ਟੂਰਨਾਮੈਂਟ ਵਿੱਚ ਭਾਰਤ ਨੇ ਪੂਲ 'ਏ' ਵਿੱਚ, ਚੀਨ ਨੂੰ 4-3 ਨਾਲ ਹਰਾਇਆ।

• ਕਜ਼ਾਖਸਤਾਨ 'ਚ 16ਵੀਂ ਏਸ਼ੀਅਨ ਸ਼ੂਟਿੰਗ ਚੈਂਪੀਅਨਸ਼ਿਪ ਵਿਚ, ਭਾਰਤੀ ਟੀਮ ਨੇ 25 ਮੀਟਰ ਸੈਂਟਰ ਫਾਇਰ ਈਵੈਂਟ ਵਿੱਚ ਸੋਨੇ ਦਾ ਤਮਗਾ ਜਿੱਤਿਆ ।

**ਹੁਣ ਖਬਰਾਂ ਵਿਸਥਾਰ ਨਾਲ.....**

----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਟੋਕੀਓ ਵਿੱਚ, ਆਪਣੇ ਜਪਾਨੀ ਹਮਰੁਤਬਾ ਸ਼ਿਗੇਰੂ ਇਸ਼ੀਬਾ ਨਾਲ 15ਵੇਂ ਭਾਰਤ-ਜਾਪਾਨ ਸਾਲਾਨਾ ਸੰਮੇਲਨ ਵਿੱਚ ਸ਼ਿਰਕਤ ਕੀਤੀ। ਸਿਖਰ ਸੰਮੇਲਨ ਦੌਰਾਨ, ਦੋਵਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ ਦੀ ਸਮੀਖਿਆ ਕੀਤੀ ਅਤੇ ਵਿਸ਼ੇਸ਼ ਰਣਨੀਤਕ ਤੇ ਵਿਸ਼ਵਵਿਆਪੀ ਭਾਈਵਾਲੀ ਦੇ ਅਗਲੇ ਪੜਾਅ ਨੂੰ ਅੱਗੇ ਵਧਾਉਣ ਦੇ ਤਰੀਕਿਆਂ 'ਤੇ ਚਰਚਾ ਕੀਤੀ। ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਦੀ ਉਨ੍ਹਾਂ ਦੀ ਚਰਚਾ ਲਾਭਕਾਰੀ ਅਤੇ ਉਦੇਸ਼ਪੂਰਨ ਸੀ। ਸ਼੍ਰੀ ਮੋਦੀ ਨੇ ਕਿਹਾ ਕਿ, ਦੋਵੇਂ ਨੇਤਾ ਇਸ ਗੱਲ 'ਤੇ ਸਹਿਮਤ ਹੋਏ ਨੇ ਕਿ ਭਾਰਤ-ਜਾਪਾਨ ਭਾਈਵਾਲੀ, ਵਿਸ਼ਵ ਸ਼ਾਂਤੀ ਅਤੇ ਸਥਿਰਤਾ ਲਈ ਜ਼ਰੂਰੀ ਏ। ਸ਼੍ਰੀ ਮੋਦੀ ਨੇ ਦੱਸਿਆ ਕਿ ਅਗਲੇ ਦਹਾਕੇ ਲਈ, ਇੱਕ ਖਾਕਾ ਤਿਆਰ ਕੀਤਾ ਗਿਆ ਏ।BYTE :

ਆਪਣੇ ਬਿਆਨ ਵਿੱਚ, ਜਾਪਾਨ ਦੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨਵੀਨਤਾਵਾਂ ਰਾਹੀਂ ਪੂਰੀ ਦੁਨੀਆ ਵਿੱਚ ਬਦਲਾਅ ਲਿਆ ਰਿਹਾ ਏ। ਉਨ੍ਹਾਂ ਕਿਹਾ ਕਿ, ਆਪਸੀ ਸਬੰਧ ਮਜ਼ਬੂਤ ਹੋਣਾ, ਭਾਰਤ ਅਤੇ ਜਾਪਾਨ ਦੋਵਾਂ ਲਈ ਲਾਭਦਾਇਕ ਏ ਅਤੇ ਦੋਵਾਂ ਦੇਸ਼ਾਂ ਵਿਚਕਾਰ ਰੱਖਿਆ ਸਹਿਯੋਗ ਮਜ਼ਬੂਤ ਹੋਇਆ ਏ। ਭਾਰਤ ਅਤੇ ਜਾਪਾਨ ਨੇ ਇਸ ਮੌਕੇ ਕਈ ਸਮਝੌਤਿਆਂ ਦਾ ਆਦਾਨ-ਪ੍ਰਦਾਨ ਵੀ ਕੀਤਾ।

---------------------------------------------------------

ਪੰਜਾਬ ਦੇ ਹੜ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ ਨੇ । ਗੁਰਦਾਸਪੁਰ, ਫਾਜ਼ਿਲਕਾ ਅਤੇ ਪਠਾਨਕੋਟ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਹੜ੍ਹ ਦਾ ਪਾਣੀ ਥੋੜ੍ਹਾ ਘਟਿਆ ਏ, ਪਰ ਅੰਮ੍ਰਿਤਸਰ ਤੇ ਫਿਰੋਜ਼ਪੁਰ ਜ਼ਿਲ੍ਹੇ ਅਜੇ ਵੀ ਪਾਣੀ ਦੇ ਕਹਿਰ ਦਾ ਸਾਹਮਣਾ ਕਰ ਰਹੇ ਨੇ । ਪਟਿਆਲਾ ਪ੍ਰਸ਼ਾਸਨ ਨੇ ਰਾਜਪੁਰਾ ਸਬ-ਡਿਵੀਜ਼ਨ ਤੇ ਡੇਰਾਬੱਸੀ ਸਬ-ਡਿਵੀਜ਼ਨ ਅਧੀਨ ਆਉਂਦੇ ਪਿੰਡਾਂ ਲਈ ਹੜ੍ਹ ਦੀ ਚੇਤਾਵਨੀ ਵੀ ਜਾਰੀ ਕੀਤੀ ਏ, ਕਿਉਂਕਿ ਘੱਗਰ ਨਦੀ ਵਿੱਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ ਏ । ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦਸਿਆ IBYTE: ਕਿਸੇ ਸੂਚਨਾ ਲਈ ਰਾਜਪੁਰਾ ਦੇ ਫਲੱਡ ਕੰਟਰੋਲ ਰੂਮ ਦੇ ਨੰਬਰ

01762-224-132 'ਤੇ ਸੰਪਰਕ ਕੀਤਾ ਜਾ ਸਕਦਾ ਏ । ਰਾਜਪੁਰਾ ਦੇ ਐਸ ਡੀ ਐਮ ਅਵਿਕੇਸ਼ ਗੁਪਤਾ ਵੱਲੋਂ ਜਾਰੀ ਸਲਾਹ ਮੁਤਾਬਕ ਪਿੰਡਾਂ ਊਂਟਸਰ, ਨਨਹੇੜੀ, ਸੰਜਰਪੁਰ, ਲਾਛੜੂ, ਕਮਾਲਪੁਰ, ਰਾਮਪੁਰ, ਸੌਂਟਾ, ਮਾੜੂ ਤੇ ਚਮਾਰੂ ਸਮੇਤ ਨੇੜਲੇ ਇਲਾਕਿਆਂ ਦੇ ਵਸਨੀਕ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ । ਜੇਕਰ ਜ਼ਿਆਦਾ ਪਾਣੀ ਆਉਣ ਦੀ ਕੋਈ ਸੂਚਨਾ ਹੋਵੇ ਤਾਂ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੰਟਰੋਲ ਰੂਮ ਨੰਬਰ 0175-235-0550 ਤੇ 235-8550 ਉਪਰ ਸੂਚਿਤ ਕੀਤਾ ਜਾਵੇ । ਓਧਰ ਮੁਹਾਲੀ ਜ਼ਿਲ੍ਹੇ ਦੇ ਡੇਰਾਬੱਸੀ ਸਬ ਡਵੀਜ਼ਨ ਦੇ ਦਰਜ਼ਨਾਂ ਪਿੰਡਾਂ ਵਿੱਚ ਹੋ ਕੇ ਲੰਘਦੀ ਘੱਗਰ ਨਦੀ ਵਿੱਚ ਬਰਸਾਤੀ ਪਾਣੀ ਅਤੇ ਸੁਖਨਾ ਝੀਲ ਵਿੱਚੋਂ ਛੱਡੇ ਗਏ ਪਾਣੀ ਦੀ ਆਮਦ ਜ਼ਿਆਦਾ ਪਾਣੀ ਦੇ ਵਹਾਅ ਕਾਰਨ ਹੜ੍ਹ ਦੀ ਚਿਤਾਵਨੀ ਦੇ ਮੱਦੇਨਜ਼ਰ, ਮੁਹਾਲੀ ਦੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਘੱਗਰ ਦਰਿਆ ਦੇ ਟਿਵਾਣਾ ਬੰਨ੍ਹ ਦਾ ਦੌਰਾ ਕੀਤਾ ਅਤੇ ਜਾਇਜ਼ਾ ਲਿਆ। ਉਨ੍ਹਾਂ ਨੇ ਵਸਨੀਕਾਂ ਨੂੰ ਭਰੋਸਾ ਦਿੱਤਾ ਕਿ ਸਥਾਨਕ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ ਏ ਅਤੇ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਏ ।BYE: ਓਹਨਾਂ ਜ਼ਿਲ੍ਹੇ ਚ ਸਥਾਪਿਤ ਹੜ੍ਹ ਕੰਟਰੋਲ ਸੈਂਟਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਲੋਕ ਖਾਸਕਰ ਡੇਰਾਬਸੀ ਦੇ ਲੋਕ ਜਾਰੀ ਲੈਂਡ ਲਾਈਨ ਅਤੇ ਮੋਬਾਈਲ ਤੇ ਕਾਲ ਕਰ ਕੇ ਕੋਈ ਵੀ ਮਦਦ ਤੇ

ਜਾਣਕਾਰੀ ਹਾਸਲ ਕਰ ਸਕਦੇ ਹਨ। ਮੁਹਾਲੀ ਕੰਟਰੋਲ ਸੈਂਟਰ 0172-221-95-06 ਅਤੇ ਮੋਬਾਈਲ ਨੰਬਰ 76580-51209 ਅਤੇ ਜਦਕਿ ਡੇਰਾਬਸੀ ਦਾ ਨੰਬਰ 01762-283-224 ਏ । ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਵੀ ਅਪੀਲ ਕੀਤੀ ਗਈ ਏ । ਸਾਡੇ ਜਲੰਧਰ ਤੋਂ ਪੱਤਰਕਾਰ ਨੇ ਦੱਸਿਆ ਏ ਕਿ ਇਸ ਦੌਰਾਨ, ਸਾਰੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਜੰਗੀ ਪੱਧਰ 'ਤੇ ਬਚਾਅ ਕਾਰਜ ਜਾਰੀ ਹਨ, ਜਿਸ ਵਿੱਚ ਭਾਰਤੀ ਫੌਜ, ਬੀ.ਐਸ.ਐਫ, ਐਨ.ਡੀ.ਆਰ.ਐਫ, ਐਸ.ਡੀ.ਆਰ.ਐਫ, ਪੰਜਾਬ ਪੁਲਿਸ ਅਤੇ ਸਵੈ-ਸੇਵੀ ਸੰਗਠਨ ਪ੍ਰਭਾਵਿਤ ਇਲਾਕਿਆਂ ਤੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਲਈ ਆਪਣੀਆਂ ਪੂਰੀਆਂ ਕੋਸ਼ਿਸ਼ਾਂ ਕਰ ਰਹੇ ਹਨ। ਗੁਰਦਾਸਪੁਰ ਵਿੱਚ ਫਸੇ ਲੋਕਾਂ ਲਈ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮੱਗਰੀ ਪਹੁੰਚਾਉਣ ਲਈ ਡਰੋਨਾਂ ਦੀ ਵਰਤੋਂ ਕੀਤੀ ਜਾ ਰਹੀ ਏ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੇਵਾਵਾਂ ਨਿਰੰਤਰ ਜਾਰੀ ਨੇ । ਇਸੇ ਤਰਾਂ ਪਠਾਨਕੋਟ ਦੇ ਹੜ੍ਹ ਪ੍ਰਭਾਵਿਤ ਵਸਨੀਕਾਂ ਦੀ ਸਹਾਇਤਾ ਲਈ ਇੱਕ ਸਾਂਝੇ ਉਪਰਾਲੇ ਵਜੋਂ ਵੇਰਕਾ ਮਿਲਕ ਪਲਾਂਟ ਦੇ ਬਾਹਰ ਹੜ੍ਹ ਪ੍ਰਭਾਵਿਤ ਪਠਾਨਕੋਟ ਲਈ ਰਾਹਤ ਸਮੱਗਰੀ ਦੇ ਛੇ ਟਰੱਕ ਰਵਾਨਾ ਕੀਤੇ। ਓਧਰ ਚੰਬਾ ਪਠਾਨਕੋਟ ਰਾਸ਼ਟਰੀ ਰਾਜਮਾਰਗ 'ਤੇ ਹਿਮਾਚਲ ਵੱਲ ਕਈ ਥਾਵਾਂ 'ਤੇ ਜ਼ਮੀਨ ਖਿਸਕਣ ਕਾਰਨ ਹਜ਼ਾਰਾਂ ਸ਼ਰਧਾਲੂ ਮਣੀ ਮਹੇਸ਼ ਯਾਤਰਾ ਵਿੱਚ ਫਸੇ ਹੋਏ

ਨੇ । ਮਨੀ ਮਹੇਸ਼ ਤੋਂ ਵਾਪਸ ਆਏ ਪਠਾਨਕੋਟ ਦੇ ਕੁਝ ਨੌਜਵਾਨਾਂ ਨੇ ਸਾਡੇ ਪੱਤਰਕਾਰ ਨੂੰ ਦਸਿਆ ਕਿ ਹਿਮਾਚਲ ਵਿੱਚ ਨੈੱਟਵਰਕ ਦੀ ਘਾਟ ਕਾਰਨ ਲੋਕ ਆਪਣੇ ਪਰਿਵਾਰਾਂ ਨਾਲ ਸੰਪਰਕ ਨਹੀਂ ਕਰ ਪਾ ਰਹੇ । ਰਾਜ ਸਭਾ ਮੈਂਬਰ ਰਾਘਵ ਚੱਡਾ ਨੇ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜ਼ਾ ਲੈਣ ਦੇ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮਗਰੀ ਤੇ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਅਤੇ ਉਨ੍ਹਾਂ ਦਾ ਹਾਲ ਜਾਣਿਆ । ਓਧਰ ਫਾਜਿਲਕਾ ਵਿਚ ਕੈਬਨਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਰਾਹਤ ਸਮੱਗਰੀ ਬਾਰੇ ਦਸਿਆ । BYTE:

---------------------------------------------------------

ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਕਪੂਰਥਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਚੱਲ ਰਹੇ ਰਾਹਤ ਕਾਰਜਾਂ ਬਾਰੇ ਵੀਡੀਓ ਕਾਨਫਰੰਸ ਰਾਹੀਂ ਜਾਣਕਾਰੀ ਦਿੱਤੀ। ਕਪੂਰਥਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕਾਰਜਾਂ ਦੀ ਸੁਚਾਰੂ ਨਿਗਰਾਨੀ ਲਈ ਪੰਜਾਬ ਸਰਕਾਰ ਵੱਲੋਂ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੂੰ ਇੰਚਾਰਜ ਨਿਯੁਕਤ ਕੀਤਾ

ਗਿਆ ਏ। ਉਨ੍ਹਾਂ ਮੁੱਖ ਮੰਤਰੀ ਨੂੰ ਦੱਸਿਆ ਕਿ ਕਪੂਰਥਲਾ ਦੇ ਪ੍ਰਭਾਵਿਤ ਇਲਾਕਿਆਂ ਸੁਲਤਾਨਪੁਰ ਲੋਧੀ ਅਤੇ ਢਿੱਲਵਾਂ ਵਿੱਚ ਰਾਹਤ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਬਿਆਸ ਦਰਿਆ ਵਿੱਚ ਪਾਣੀ ਦੇ ਵਧਦੇ ਪੱਧਰ ਨੂੰ ਦੇਖਦੇ ਹੋਏ, ਪ੍ਰਭਾਵਿਤ ਇਲਾਕਿਆਂ ਤੋਂ ਐਸ.ਡੀ.ਆਰ.ਐਫ ਅਤੇ ਫੌਜ ਦੀ ਮਦਦ ਨਾਲ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਭੇਜਿਆ ਗਿਆ ਏ । ਉਨ੍ਹਾਂ ਦੱਸਿਆ ਕਿ 240 ਪਰਿਵਾਰਾਂ ਅਤੇ ਉਨ੍ਹਾਂ ਦੇ ਜ਼ਰੂਰੀ ਸਮਾਨ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਇਸ ਵੇਲੇ ਐਸ.ਡੀ.ਆਰ.ਐਫ ਅਤੇ ਫੌਜ ਦੀਆਂ 2 ਟੀਮਾਂ ਰਾਹਤ ਕਾਰਜਾਂ ਲਈ ਤਾਇਨਾਤ ਹਨ, ਜਿਨ੍ਹਾਂ ਵਿੱਚ 40 ਜਵਾਨ ਸ਼ਾਮਲ ਹਨ। ਕੁੱਲ 15 ਕਿਸ਼ਤੀਆਂ ਦੀ ਮਦਦ ਨਾਲ ਇਨ੍ਹਾਂ ਟੀਮਾਂ ਵੱਲੋਂ ਲੋੜਵੰਦ ਲੋਕਾਂ ਨੂੰ ਕੱਢਿਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮੁੱਢਲੇ ਅਨੁਮਾਨਾਂ ਅਨੁਸਾਰ ਕਪੂਰਥਲਾ, ਸੁਲਤਾਨਪੁਰ ਲੋਧੀ ਅਤੇ ਭੁਲੱਥ ਤਹਿਸੀਲਾਂ ਵਿੱਚ ਲਗਭਗ 28 ਹਜ਼ਾਰ ਏਕੜ ਰਕਬੇ ਵਿੱਚ ਫਸਲਾਂ ਪ੍ਰਭਾਵਿਤ ਹੋਈਆਂ ਹਨ, ਜਿਸ ਲਈ ਮੁਆਵਜ਼ੇ ਲਈ ਵਿਸ਼ੇਸ਼ ਗਿਰਦਾਵਰੀ ਸ਼ੁਰੂ ਕੀਤੀ ਗਈ ਏ । ਲੋਕਾਂ ਦੀ ਸਿਹਤ ਦਾ ਧਿਆਨ ਰੱਖਣ ਲਈ 8 ਮੈਡੀਕਲ ਟੀਮਾਂ ਤਾਇਨਾਤ ਨੇ । ਉਨ੍ਹਾਂ ਦੱਸਿਆ ਕਿ ਪਸ਼ੂਆਂ ਦੀ ਸਿਹਤ ਸੰਭਾਲ ਲਈ ਪਸ਼ੂਆਂ ਦੇ ਡਾਕਟਰਾਂ ਦੀਆਂ 6 ਟੀਮਾਂ ਕੰਮ ਕਰ ਰਹੀਆਂ ਹਨ।

---

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅਸਾਮ ਦੇ ਗੁਵਾਹਾਟੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ । ਇਸ ਮੌਕੇ ਰਾਜਪਾਲ ਨੇ ਚੰਡੀਗੜ੍ਹ ਨਗਰ ਨਿਗਮ ਦੇ ਲਈ ਹਾਲ ਹੀ ਵਿੱਚ ਮੰਜੂਰ ਕੀਤੀ 125 ਕਰੋੜ ਰੁਪਏ ਦੀ ਗ੍ਰਾਂਟ ਰਾਸ਼ੀ ਲਈ ਕੇਂਦਰੀ ਗ੍ਰਹਿ ਮੰਤਰੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਰਕਮ ਸ਼ਹਿਰ ਦੇ ਬੁਨਿਆਦੀ ਢਾਂਚੇ ਅਤੇ ਨਾਗਰਿਕ ਸੁਵਿਧਾਵਾਂ ਨੂੰ ਹੋਰ ਅਧਿਕ ਮਜ਼ਬੂਤ ਬਣਾਉਣ ਵਿੱਚ ਸਹਾਇਕ ਸਿੱਧ ਹੋਵੇਗੀ । ਰਾਜਪਾਲ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹ ਦੀ ਸਥਿਤੀ ਦੀ ਵੀ ਵਿਸਤਾਰ ਵਿਚ ਜਾਣਕਾਰੀ ਦਿੱਤੀ। ਉਨ੍ਹਾਂ ਨੇ ਉਨ੍ਹਾਂ ਨੂੰ ਰਾਹਤ ਅਤੇ ਬਚਾਅ ਕਾਰਜਾਂ ਦੀ ਪ੍ਰਗਤੀ, ਪ੍ਰਭਾਵਿਤ ਖੇਤਰਾਂ ਦੀ ਮੌਜੂਦਾ ਸਥਿਤੀ ਅਤੇ ਭਵਿੱਖ ਵਿੱਚ ਜ਼ਰੂਰੀ ਸਹਿਯੋਗ ਬਾਰੇ ਵੀ ਜਾਣੂ ਕਰਵਾਇਆ। ਮੀਟਿੰਗ ਦੇ ਦੌਰਾਨ, ਦੋਹਾਂ ਨੇਤਾਵਾਂ ਨੇ ਖੇਤਰੀ ਵਿਕਾਸ, ਜਨ ਸੇਵਾ ਅਤੇ ਆਫ਼ਤ ਪ੍ਰਬੰਧਨ ਜਿਹੇ ਵੱਖ ਵੱਖ ਮੁੱਦਿਆਂ 'ਤੇ ਵੀ ਚਰਚਾ ਕੀਤੀ।

---------------------------------------------------------

ਕੀਰਤਪੁਰ ਸਾਹਿਬ ਸਥਿਤ ਮੁੱਢਲੇ ਸਿਹਤ ਕੇਂਦਰ ਦੀ ਟੀਮ ਨੇ ਸਿਹਤ ਵਿਭਾਗ ਦੀ ਜ਼ਿਲ੍ਹਾ ਪੱਧਰੀ ਟੀਮ ਦੀ ਅਗਵਾਈ ਵਿੱਚ ਬਲਾਕ ਕੀਰਤਪੁਰ ਸਾਹਿਬ ਦੇ ਹੜ੍ਹ ਸੰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ।

ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਹੜ੍ਹਾਂ ਦੌਰਾਨ ਬਿਮਾਰੀਆਂ ਫੈਲਣ ਦਾ ਖ਼ਤਰਾ ਵੱਧ ਜਾਂਦਾ ਏ ਇਸ ਲਈ ਸਿਹਤ ਵਿਭਾਗ ਵੱਲੋਂ ਜਿੱਥੇ 24 ਘੰਟੇ ਮੈਡੀਕਲ ਸੁਵਿਧਾਵਾਂ ਉਪਲੱਬਧ ਕਰਵਾਉਣ ਲਈ ਤੁਰੰਤ ਕਾਰਵਾਈ ਟੀਮਾਂ ਦਾ ਗਠਨ ਕੀਤਾ ਗਿਐ ਉੱਥੇ ਹੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਖ਼ੁਦ ਸਮੇਂ ਸਮੇਂ 'ਤੇ ਹੜ੍ਹ ਸੰਭਾਵਿਤ ਇਲਾਕਿਆਂ ਦਾ ਦੌਰਾ ਕਰ ਕੇ ਅਸਲ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹੈ । ਉਹਨਾਂ ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਅਡਵਾਈਜ਼ਰੀ ਅਨੁਸਾਰ ਸਾਵਧਾਨੀਆਂ ਵਰਤਣ ਅਤੇ ਕਿਸੇ ਵੀ ਸਥਿਤੀ ਵਿਚ ਬਿਲਕੁਲ ਵੀ ਨਾ ਘਬਰਾਉਣ ਦੀ ਸਲਾਹ ਦਿੱਤੀ। ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਟੀਮਾਂ ਵੱਲੋਂ ਹੜ੍ਹ ਸੰਭਾਵਿਤ ਇਲਾਕਿਆਂ ਦਾ ਦੌਰਾ ਕਰ ਕੇ ਪਾਣੀ ਦੀ ਕਲੋਰੀਨੇਸ਼ਨ ਵੀ ਕੀਤੀ ਜਾ ਰਹੀ ਐ। ਉਹਨਾਂ ਇਹ ਵੀ ਦੱਸਿਆ ਕਿ ਮੈਡੀਕਲ ਟੀਮਾਂ ਵੱਲੋਂ ਫ਼ੀਲਡ ਵਿਚ ਜਾ ਕੇ ਲੋੜਵੰਦ ਲੋਕਾਂ ਤੇ ਮਰੀਜ਼ਾਂ ਨੂੰ ਦਵਾਈਆਂ ਤੇ ਡਾਕਟਰੀ ਜਾਂਚ ਆਦਿ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਨੇ। ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਵੱਲੋਂ ਸਿਹਤ ਵਿਭਾਗ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ ਜਾ ਰਹੀ ਐ। ਉਨ੍ਹਾਂ ਦਾ ਕਹਿਣੈ ਕਿ ਮੈਡੀਕਲ ਟੀਮਾਂ ਵੱਲੋਂ ਦਿੱਤੀਆਂ ਜਾ ਰਹੀਆਂ ਮੁਫ਼ਤ ਸਿਹਤ ਸੇਵਾਵਾਂ ਉਹਨਾਂ ਨੂੰ ਰਾਹਤ ਦੇਣ ਵਿਚ ਸਹਾਈ ਹੋ ਰਹੀਆਂ ਨੇ।

-------------------------------------------------------

ਸੁਲਤਾਨਪੁਰ ਲੋਧੀ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 538ਵਾਂ ਵਿਆਹ ਪੁਰਬ ਮਨਾਇਆ ਜਾ ਰਿਹਾ ਏ। ਜਿਸ ਲਈ ਅੱਜ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਤੋਂ ਨਗਰ ਕੀਰਤਨ ਕੱਢਿਆ ਗਿਆ ਜੋ ਸੁਲਤਾਨਪੁਰ ਲੋਧੀ ਤੋਂ ਬਟਾਲਾ ਪਹੁੰਚੇਗਾ । ਇਸ ਨਗਰ ਕੀਰਤਨ ਦੇ ਸਵਾਗਤ ਲਈ ਸੰਗਤ ਵਿੱਚ ਭਾਰੀ ਉਤਸ਼ਾਹ ਏ। ਨਗਰ ਕੀਰਤਨ ਦੇ ਸਵਾਗਤ ਲਈ ਵੱਖ-ਵੱਖ ਥਾਵਾਂ 'ਤੇ ਲੰਗਰ ਵੀ ਲਗਾਏ ਗਏ । ਵਿਆਹ ਪੁਰਬ ਮੌਕੇ ਸੰਗਤਾਂ ਵਿੱਚ ਉਤਸ਼ਾਹ ਦਾ ਮਾਹੌਲ ਏ ।

-------------------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 29 ਅਗਸਤ ਨੂੰ, ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਦੀ ਜੈਯੰਤੀ ਮੌਕੇ ਮਨਾਇਆ ਜਾਂਦਾ ਏ। ਇਸ ਮੌਕੇ 'ਤੇ, ਯੁਵਾ ਮਾਮਲੇ ਅਤੇ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਅੱਜ ਸਵੇਰੇ ਨਵੀਂ ਦਿੱਲੀ ਦੇ ਮੇਜਰ ਧਿਆਨ ਚੰਦ ਰਾਸ਼ਟਰੀ ਸਟੇਡੀਅਮ ਵਿਖੇ ਮੇਜਰ ਧਿਆਨ ਚੰਦ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਡਾ. ਮਨਸੁਖ ਮਾਂਡਵੀਆ 31 ਅਗਸਤ ਤੱਕ ਦੇਸ਼ ਭਰ ਵਿੱਚ ਫਿੱਟ ਇੰਡੀਆ ਦੇ ਸਰਵ ਭਾਰਤੀ ਖੇਡ ਅੰਦੋਲਨ ਦੀ ਅਗਵਾਈ ਵੀ ਕਰਨਗੇ। ਇਹ ਅੰਦੋਲਨ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਦੇ

ਸਨਮਾਨ ਵਿੱਚ ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਸ਼ੁਰੂ ਹੋਵੇਗਾ। ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਏ ਕਿ ਤਿੰਨ ਦਿਨਾਂ ਦੇਸ਼ ਵਿਆਪੀ ਖੇਡ ਅਤੇ ਤੰਦਰੁਸਤੀ ਅੰਦੋਲਨ "ਏਕ ਘੰਟਾ, ਖੇਡ ਦੇ ਮੈਦਾਨ ਵਿੱਚ" ਥੀਮ ਦੇ ਤਹਿਤ ਮਨਾਇਆ ਜਾ ਰਿਹਾ ਏ । ਮੰਤਰਾਲੇ ਨੇ ਇਹ ਵੀ ਦੱਸਿਆ ਕਿ ਉੱਘੇ ਖਿਡਾਰੀ ਅਤੇ ਲੋਕ ਨੁਮਾਇੰਦੇ ਵੀ ਰਾਸ਼ਟਰੀ ਖੇਡ ਦਿਵਸ ਦੇ ਜਸ਼ਨਾਂ ਵਿੱਚ ਹਿੱਸਾ ਲੈਣਗੇ ਅਤੇ ਦੇਸ਼ ਦੇ ਹਰ ਕੋਨੇ ਵਿੱਚ ਖੇਡ ਗਤੀਵਿਧੀਆਂ ਵਿੱਚ ਸ਼ਾਮਲ ਹੋਣਗੇ।

---------------------------------------------------------

ਬਿਹਾਰ ਦੇ ਰਾਜਗੀਰ ਵਿੱਚ, ਕਪਤਾਨ ਹਰਮਨਪ੍ਰੀਤ ਸਿੰਘ ਦੀ ਹੈਟ੍ਰਿਕ ਦੀ ਬਦੌਲਤ, ਭਾਰਤ ਨੇ ਅੱਜ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਵਿੱਚ, ਆਪਣੀ ਮੁਹਿੰਮ ਦੀ ਸ਼ੁਰੂਆਤ, ਪੂਲ 'ਏ' ਦੇ ਮੈਚ ਵਿੱਚ, ਚੀਨ ਨੂੰ 4-3 ਨਾਲ ਹਰਾ ਕੇ ਕੀਤੀ । ਇਸ ਤੋਂ ਪਹਿਲਾਂ, ਅੱਜ ਦੇ ਉਦਘਾਟਨੀ ਮੈਚ ਵਿੱਚ, ਮਲੇਸ਼ੀਆ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਬੰਗਲਾਦੇਸ਼ ਨੂੰ 4-1 ਨਾਲ ਹਰਾਇਆ।

---------------------------------------------------------

ਕਜ਼ਾਖਸਤਾਨ ਦੇ ਸ਼ਿਮ-ਕੈਂਟ ਵਿੱਚ 16ਵੀਂ ਏਸ਼ੀਅਨ ਸ਼ੂਟਿੰਗ ਚੈਂਪੀਅਨਸ਼ਿਪ ਦੇ ਆਖਰੀ ਦਿਨ ਵੀ ਭਾਰਤ ਦਾ ਦਬਦਬਾ ਜਾਰੀ ਰਿਹਾ ।

25 ਮੀਟਰ ਸੈਂਟਰ ਫਾਇਰ ਈਵੈਂਟ ਵਿੱਚ, ਓਲੰਪੀਅਨ ਗੁਰਪ੍ਰੀਤ ਸਿੰਘ ਨੇ ਰਾਜਕੰਵਰ ਸਿੰਘ ਸੰਧੂ ਅਤੇ ਅੰਕੁਰ ਗੋਇਲ ਦੇ ਨਾਲ ਮਿਲ ਕੇ ਟੀਮ ਈਵੈਂਟ ਵਿੱਚ ਭਾਰਤ ਲਈ ਸੋਨੇ ਦਾ ਤਮਗਾ ਜਿੱਤਿਆ। ਨੌਜਵਾਨ ਭਾਰਤੀ ਨਿਸ਼ਾਨੇਬਾਜ਼ ਮਾਨਿਨੀ ਕੌਸ਼ਿਕ ਨੇ ਮਹਿਲਾਵਾਂ ਦੇ 50 ਮੀਟਰ ਰਾਈਫਲ ਪ੍ਰੋਨ ਈਵੈਂਟ ਵਿੱਚ ਕਾਂਸੀ ਦਾ ਤਗਮਾ ਜਿੱਤਣ ਦੇ ਨਾਲ-ਨਾਲ ਟੀਮ ਈਵੈਂਟ ਵਿੱਚ ਚਾਂਦੀ ਦਾ ਤਗਮਾ ਜਿੱਤਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਟੋਕੀਓ ਵਿੱਚ, ਜਪਾਨ ਦੇ ਪ੍ਰਧਾਨ ਮੰਤਰੀ ਸ਼ਿਗੇਰੂ ਇਸ਼ੀਬਾ ਨਾਲ 15ਵੇਂ ਭਾਰਤ-ਜਾਪਾਨ ਸਾਲਾਨਾ ਸੰਮੇਲਨ ਵਿੱਚ ਕੀਤੀ ਸ਼ਿਰਕਤ ।

- ਪੰਜਾਬ ਦੇ ਹੜ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ ।
- ਪੰਜਾਬ ਦੇ ਰਾਜਪਾਲ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅਸਾਮ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ - ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਤੋਂ ਜਾਣੂ ਕਰਵਾਇਆ ।

- ਉੱਘੇ ਹਾਕੀ ਖਿਡਾਰੀ ਮੇਜਰ ਧਿਆਨਚੰਦ ਦੀ ਜੈਯੰਤੀ ਮੌਕੇ ਅੱਜ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ-
- ਏਸ਼ੀਆ ਕੱਪ ਹਾਕੀ ਟੂਰਨਾਮੈਂਟ ਵਿੱਚ ਭਾਰਤ ਨੇ ਪੂਲ 'ਏ' ਵਿੱਚ, ਚੀਨ ਨੂੰ 4-3 ਨਾਲ ਹਰਾਇਆ।
- ਕਜ਼ਾਖਸਤਾਨ 'ਚ 16ਵੀਂ ਏਸ਼ੀਅਨ ਸ਼ੂਟਿੰਗ ਚੈਂਪੀਅਨਸ਼ਿਪ ਵਿਚ, ਭਾਰਤੀ ਟੀਮ ਨੇ 25 ਮੀਟਰ ਸੈਂਟਰ ਫਾਇਰ ਈਵੈਂਟ ਵਿੱਚ ਸੋਨੇ ਦਾ ਤਮਗਾ ਜਿੱਤਿਆ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**